# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 15-06-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ 18 ਜੂਨ ਨੂੰ, PM -ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ, 9 ਕਰੋੜ 3 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ, ਕਰੀਬ 20 ਹਜ਼ਾਰ ਕਰੋੜ ਰੁਪਏ ਟਰਾਂਸਫਰ ਕਰਨਗੇ।
- ਕੌਮੀ ਅਪਰਾਧ ਰਿਕਾਰਡ ਬਿਊਰੋ ਨੇ, ਲੋਕਾਂ ਨੂੰ ਜਾਗਰੂਕ ਕਰਨ ਲਈ, ''ਅਪਰਾਧਿਕ ਕਾਨੂੰਨਾਂ ਦਾ NCRB ਸੰਕਲਨ" ਨਾਂ ਦੀ ਮੋਬਾਈਲ ਐਪ " ਜਾਰੀ ਕੀਤੀ।
- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ-ਗੋਬਿੰਦ ਸਾਹਿਬ ਵੱਲੋਂ ਪਹਿਲੀ ਜੰਗ ਫ਼ਤਹਿ ਕਰਨ ਦੀ ਯਾਦ 'ਚ, ਅੰਮ੍ਰਿਤਸਰ ਵਿਖੇ ਨਗਰ ਕੀਰਤਨ ਸਜਾਇਆ ਗਿਆ।

- ਆਈ.ਸੀ.ਸੀ ਟੀ-20 ਕ੍ਰਿਕਟ ਵਿਸ਼ਵ ਕੱਪ ਚ, ਅੱਜ ਫਲੋਰੀਡਾ ਵਿਖੇ, ਆਖਰੀ ਗਰੁੱਪ ਮੈਚ ਵਿੱਚ, ਭਾਰਤ ਦਾ ਮੁਕਾਬਲਾ ਕੈਨੇਡਾ ਨਾਲ ।

---------------------------------------------------------

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ, 18 ਜੂਨ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ, 9 ਕਰੋੜ 3 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ, ਕਰੀਬ 20 ਹਜ਼ਾਰ ਕਰੋੜ ਰੁਪਏ ਟਰਾਂਸਫਰ ਕਰਨਗੇ । ਅੱਜ ਨਵੀਂ ਦਿੱਲੀ ਵਿੱਚ ਸ਼੍ਰੀ ਚੌਹਾਨ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿੱਚ, ਹੁਣ ਤੱਕ 11 ਕਰੋੜ ਕਿਸਾਨਾਂ ਦੇ ਖਾਤਿਆਂ ਵਿੱਚ, 3 ਲੱਖ ਕਰੋੜ ਰੁਪਏ ਭੇਜੇ ਜਾ ਚੁੱਕੇ ਨੇ । ਖੇਤੀਬਾੜੀ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਸਾਰੇ ਮੁੱਖ ਮੰਤਰੀਆਂ ਨੂੰ, 18 ਜੂਨ ਨੂੰ ਹੋ ਰਹੇ, ਪ੍ਰਧਾਨ ਮੰਤਰੀ ਦੇ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਪੱਤਰ ਲਿਖਿਆ ਏ ।

---------------------------------------------------------

ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਪ੍ਰਾਪਤ

ਕਾਰਨ ਵਾਲੇ ਕਿਸਾਨਾਂ ਨੂੰ ਨਿਰਵਿਘਨ ਲਾਭ ਲੈਣ ਲਈ ਕੁਝ ਗੱਲਾਂ ਧਿਆਨ ਦੇਣ ਯੋਗ ਨੇ। ਜਲੰਧਰ ਡਵੀਜ਼ਨ ਪੋਸਟ ਆਫਿਸ ਦੇ ਸੀਨੀਅਰ ਸੁਪਰਡੈਂਟ ਸੁਭਾਸ਼ ਚੰਦਰ ਮੀਨਾ ਨੇ ਇਸ ਬਾਰੇ ਜਾਣਕਾਰੀ ਦੀਦਿਆਂ ਦਸਿਆ ਕਿ ਜੇਕਰ ਕਿਸਾਨਾਂ ਦੇ ਬੈਂਕ ਖਾਤੇ ਵਿੱਚ ਆਧਾਰ ਲਿੰਕ ਨਾ ਹੋਣ ਕਾਰਨ ਯੋਜਨਾ ਦੀਆਂ ਕਿਸ਼ਤਾਂ ਬੰਦ ਹੋ ਗਈਆਂ ਨੇ ਤਾਂ ਕਿਸਾਨ ਨਵਾਂ, I.P.P.B. ਆਧਾਰ ਲਿੰਕ ਖਾਤਾ ਖੋਲ੍ਹ ਸਕਦੇ ਨੇ । ਇਹ ਲਾਭਪਾਤਰੀਆਂ ਨੂੰ ਫਾਇਦਿਆਂ ਦੇ ਸਿੱਧੇ ਤਬਾਦਲੇ ਵਿੱਚ ਮਦਦ ਕਰੇਗਾ ਤੇ ਕਿਸੇ ਵੀ ਦੇਰੀ ਜਾਂ ਅੰਤਰ ਨੂੰ ਘੱਟ ਕਰੇਗਾ। ਉਨ੍ਹਾਂ ਸਾਰੇ ਯੋਗ ਕਿਸਾਨਾਂ ਅਤੇ ਖਾਤਾ ਧਾਰਕਾਂ ਨੂੰ , ਪ੍ਰਧਾਨ ਮੰਤਰੀ ਕਿਸਾਨ ਖਾਤਿਆਂ ਦੇ ਆਧਾਰ ਲਿੰਕ ਲਈ ਆਪਣੇ ਨਜ਼ਦੀਕੀ ਡਾਕਘਰ ਵਿੱਚ ਜਾਣ ਦੀ ਅਪੀਲ ਕੀਤੀ।

---------------------------------------------------------

21 ਜੂਨ ਨੂੰ 10ਵੇਂ ਕੌਮਾਂਤਰੀ ਯੋਗ ਦਿਵਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸੋਸ਼ਲ ਮੀਡੀਆ ਪਲੇਟਫਾਰਮ X 'ਤੇ ਅਰਧ-ਚੱਕਰ ਆਸਨ ਦੀ ਇੱਕ ਵੀਡੀਓ ਕਲਿੱਪ ਸਾਂਝੀ ਕੀਤੀ ਏ। ਪ੍ਰਧਾਨ ਮੰਤਰੀ ਨੇ, ਲੋਕਾਂ ਨੂੰ ਦਿਲ ਅਤੇ ਖ਼ੂਨ ਦੇ ਪ੍ਰਵਾਹ ਵਿੱਚ ਸੁਧਾਰ ਲਈ ਇਸ

ਆਸਨ ਦਾ ਅਭਿਆਸ ਕਰਨ ਦੀ ਅਪੀਲ ਕੀਤੀ। ਕਲਿੱਪ ਵਿੱਚ ਸਿਹਤ ਫਾਇਦਿਆਂ ਦੇ ਨਾਲ-ਨਾਲ ਇਸ ਆਸਨ ਨੂੰ ਕਿਵੇਂ ਕਰਨਾ ਏ, ਇਸ ਬਾਰੇ ਵੀ ਦੱਸਿਆ ਗਿਆ ਏ।

---------------------------------------------------------------

ਇਸ ਵਾਰ ਵੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਜ਼ਿਲਾ ਫਾਜ਼ਿਲਕਾ ਤੇ ਗੁਰਦਾਸਪੁਰ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ, ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾ ਕੇ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਦੇ ਨਾਲ ਨਾਲ ਚੰਗੇ ਸਮਾਜ ਦੀ ਸੁਰਜਣਾ ਵੀ ਹੁੰਦੀ ਏ।

---------------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਦੀ ਲੋੜ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋਣ ਜਾ ਰਹੇ ਨੇ। ਮੋਗਾ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰਾਂ ਦਾ ਮਨਣਾ ਏ ਕਿ

ਇਨਾ ਕਾਨੂੰਨਾਂ ਨਾਲ ਲੋਕਾਂ ਨੂੰ ਸੋਖ ਹੋਵੇਗੀ ਅਤੇ ਨਿਆਂ ਵੀ ਛੇਤੀ ਮਿਲੇਗਾ।

---------------------------------------------------------------

ਕੌਮੀ ਅਪਰਾਧ ਰਿਕਾਰਡ ਬਿਊਰੋ NCRB ਨੇ ਇੱਕ ਮੋਬਾਈਲ ਐਪ "ਅਪਰਾਧਿਕ ਕਾਨੂੰਨਾਂ ਦਾ NCRB ਸੰਕਲਨ" ਜਾਰੀ ਕੀਤੀ ਏ । ਇਸ ਐਪ ਵਿਚ ਨਵੇਂ ਅਪਰਾਧਿਕ ਕਾਨੂੰਨਾਂ ਭਾਰਤੀ ਨਯਾਯ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ ਦੀ ਜਾਣਕਾਰੀ ਏ । ਇਹ ਐਪ ਗੂਗਲ ਪਲੇ ਸਟੋਰ ਦੇ ਨਾਲ-ਨਾਲ ਐਪਲ ਐਪ ਸਟੋਰ 'ਤੇ ਵੀ ਉਪਲਬਧ ਏ । ਇਹ ਐਪ ਆਮ ਲੋਕਾਂ, ਅਦਾਲਤੀ ਅਧਿਕਾਰੀਆਂ, ਵਕੀਲਾਂ, ਕਾਨੂੰਨ ਦੇ ਵਿਦਿਆਰਥੀਆਂ ਦੇ ਨਾਲ-ਨਾਲ ਪੁਲਿਸ ਅਧਿਕਾਰੀਆਂ ਲਈ ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਆਪਣੇ ਗਿਆਨ ਨੂੰ ਵਧਾਉਣ ਲਈ ਲਾਭਦਾਇਕ ਏ । ਇਹ ਐਪ ਇਕੋ ਥਾਂ 'ਤੇ ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਪੂਰੀ ਜਾਣਕਾਰੀ ਪ੍ਰਦਾਨ ਕਰਨ ਲਈ, ਇੱਕ ਵਿਆਪਕ ਮਾਰਗ ਦਰਸ਼ਕ ਵਜੋਂ ਕੰਮ ਕਰਦੀ ਏ । ਇਸਤੋਂ ਇਲਾਵਾ ਤੁਰੰਤ ਜਾਣਕਾਰੀ ਪ੍ਰਾਪਤੀ ਲਈ ਖੋਜ ਅਤੇ ਲਿੰਕ ਕਰਨ ਦੀ

ਸਹੂਲਤ ਦੇ ਨਾਲ-ਨਾਲ ਪੁਰਾਣੇ ਅਤੇ ਨਵੇਂ ਕਾਨੂੰਨਾਂ ਵਿਚਕਾਰ, ਸੈਕਸ਼ਨ ਮੁਤਾਬਿਕ ਤੁਲਨਾ ਕਰਨ ਲਈ ਇੱਕ ਚਾਰਟ ਵੀ ਮੁਹਈਆ ਕਰਦੀ ਏ। ਇਸ ਐਪ ਨੂੰ ਕਨੈਕਟੀਵਿਟੀ ਦੀ ਅਣਹੋਂਦ ਵਿੱਚ ਵੀ ਔਫਲਾਈਨ ਢੰਗ ਨਾਲ ਵੀ, ਕੰਮ ਕਰਨ ਲਈ ਤਿਆਰ ਕੀਤਾ ਗਿਆ ਏ । ਇਸ ਦੇ ਖਪਤਕਾਰ-ਅਨੁਕੂਲ ਡਿਜ਼ਾਈਨ, ਵਿਆਪਕ ਸਮੱਗਰੀ ਅਤੇ ਨਵੀਆਂ ਵਿਸ਼ੇਸ਼ਤਾਵਾਂ ਦੇ ਨਾਲ, ਐਪ ਵਰਤਣ ਵਾਲਿਆਂ ਨੂੰ, ਨਵੇਂ ਕਾਨੂੰਨਾਂ ਬਾਰੇ ਪ੍ਰਭਾਵਸ਼ਾਲੀ ਢੰਗ ਨਾਲ ਸਿੱਖਣ ਲਈ ਸਮਰੱਥ ਬਣਾਉਂਦੀ ਏ।

---------------------------------------------------

ਜੰਮੂ-ਕਸ਼ਮੀਰ ਦੇ ਕਠੂਆ 'ਚ ਅੱਤਵਾਦੀ ਹਮਲੇ ਨੂੰ ਲੈ ਕੇ, ਪੰਜਾਬ ਦੇ ਸਰਹੱਦੀ ਖੇਤਰ 'ਚ ਰੈੱਡ ਅਲਰਟ ਜਾਰੀ ਕੀਤਾ ਗਿਆ ਏ। ਪੰਜਾਬ ਪੁਲਿਸ ਨੇ ਕਿਸੇ ਵੀ ਤਰ੍ਹਾਂ ਦੀ ਅੱਤਵਾਦੀ ਗਤੀਵਿਧੀ ਨਾਲ ਨਜਿੱਠਣ ਲਈ, ਵਾਧੂ ਪੁਲਿਸ ਬਲ ਤਾਇਨਾਤ ਕੀਤੇ ਨੇ ।ਪਠਾਨਕੋਟ ਦੇ ਬਮਿਆਲ ਵਿੱਚ ਪੈਂਦੇ ਸਰਹੱਦੀ ਖੇਤਰ ਵਿੱਚ ਵੀ ਪੁਲੀਸ ਵੱਲੋਂ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਨੇ । ਪਠਾਨਕੋਟ ਐਸ.ਐਸ.ਪੀ ਸੁਹੇਲ

ਕਾਸਿਮ ਮੀਰ ਨੇ ਦੱਸਿਆ ਕਿ ਪੁਲਿਸ ਵੱਲੋਂ ਸਰਹੱਦੀ ਖੇਤਰ ਦੇ ਲੋਕਾਂ ਨਾਲ ਮੀਟਿੰਗ ਕੀਤੀ ਗਈ।

---------------------------------------------------

ਪੰਜਾਬ ਵਿੱਚ ਦੂਜੇ ਪੜਾਅ ਦੇ ਝੋਨੇ ਦੀ ਲਵਾਈ ਅੱਜ ਤੋਂ ਸ਼ੁਰੂ ਹੋ ਗਈ ਏ। ਇਨ੍ਹਾਂ ਜ਼ਿਲਿਆਂ ਵਿਚ ਮੋਗਾ, ਸੰਗਰੂਰ, ਬਰਨਾਲਾ, ਮਲੇਰਕੋਟਲਾ, ਪਟਿਆਲਾ, ਫਤਿਹਗੜ੍ਹ ਸਾਹਿਬ,ਐਸ.ਏ.ਐਸਨਗਰ, ਪਟਿਆਲਾ, ਰੂਪਨਗਰ, ਲੁਧਿਆਣਾ, ਕਪੂਰ ਥਲਾ, ਜਲੰਧਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਤਰਨਤਾਰਨ, ਅੰਮ੍ਰਿਤਸਰ, ਪਠਾਨਕੋਟ ਸ਼ਾਮਿਲ ਨੇ। ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਵਿਸ਼ੇਸ ਮੁੱਖ ਸਕੱਤਰ ਕੇ. ਏ. ਪੀ ਸਿਨਹਾ ਵਲੋਂ ਜਾਰੀ ਕੀਤੇ ਹੁਕਮਾਂ ਮੁਤਾਬਿਕ ਝੋਨਾ ਲਾਉਣ ਲਈ, ਕਿਸਾਨਾਂ ਨੂੰ ਫ਼ਸਲ ਪੱਕਣ ਤੱਕ ਘੱਟੋ-ਘੱਟ 8 ਘੰਟੇ ਰੋਜ਼ਾਨਾ ਟਿਊਬਵੈਲਾਂ ਲਈ ਬਿਜਲੀ ਸਪਲਾਈ ਦਿੱਤੀ ਜਾਵੇਗੀ ਅਤੇ ਨਹਿਰੀ ਪਾਣੀ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਮਾਨਸਾ ਤੋਂ ਸਾਡੇ ਪੱਤਰਕਾਰ ਜੋਗਿੰਦਰ ਸਿੰਘ ਮਾਨ ਮੁਤਾਬਿਕ ਪਿੰਡਾਂ ’ਚੋਂ ਹਾਸਲ ਕੀਤੇ

ਵੇਰਵਿਆਂ ਤੋਂ ਪਤਾ ਲੱਗਿਆ ਏ  ਕਿ ਇਸ ਵਾਰ ਕਿਸਾਨਾਂ ਵਿੱਚ ਝੋਨੇ ਦੀ ਸਿੱਧੀ ਬਿਜਾਈ ਦਾ ਵੀ ਬਹੁਤ ਰੁਝਾਨ ਵੱਧਿਆ ਅਤੇ ਬਹੁਤ ਸਾਰੀਆਂ ਥਾਵਾਂ ’ਤੇ ਇਹ ਬਿਜਾਈ ਕਾਮਯਾਬ ਹੁੰਦੀ ਵਿਖਾਈ ਦੇਣ ਲੱਗੀ ਏ।

---------------------------------------------------------

ਫ਼ਤਿਹ ਦਿਵਸ ਦੇ ਸੰਬੰਧ ਵਿਚ ਅੱਜ ਅੰਮ੍ਰਿਤਸਰ ਦੇ ਗੁਰਦੁਆਰਾ ਸ਼ਹੀਦ-ਗੰਜ ਬਾਬਾ ਦੀਪ ਸਿੰਘ ਜੀ ਤੋਂ ਗੁਰਦੁਆਰਾ ਕਿਲਾ ਸ੍ਰੀ ਲੋਹਗੜ ਸਾਹਿਬ ਤੱਕ ਨਗਰ ਕੀਰਤਨ ਸਜਾਇਆ ਗਿਆ। ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਛਤਰ ਛਾਇਆ ਹੇਠ, ਸਜਾਏ ਗਏ ਇਸ ਨਗਰ ਕੀਰਤਨ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਹੋਰ ਕਮੇਟੀ ਮੈਂਬਰ, ਸਿੱਖ ਸੰਗਤਾਂ ਤੇ ਧਾਰਮਿਕ ਸਭਾ ਸੁਸਾਇਟੀਆਂ ਸ਼ਾਮਿਲ ਹੋਈਆਂ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰੂ ਸਾਹਿਬਾਨ ਨੇ ਖਾਲਸੇ ਨੂੰ ਵੱਖਰੀ ਪਹਿਚਾਣ ਦਿੱਤੀ, ਜੋ ਹਮੇਸ਼ਾ ਹੀ ਸਰਬੱਤ ਦੇ ਭਲੇ ਲਈ ਤਤਪਰ ਰਹਿੰਦਾ ਏ। ਉਨ੍ਹਾਂ ਕਿਹਾ ਕਿ ਛੇਵੇਂ

ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਨਿਜ ਲਈ ਨਹੀਂ, ਸਗੋਂ ਜ਼ੁਲਮ ਦੇ ਖਿਲਾਫ਼ ਲੜਾਈ ਲੜੀ ਅਤੇ ਜਿੱਤ ਦਰਜ ਕੀਤੀ। ਉਨ੍ਹਾਂ ਸੰਗਤਾਂ ਨੂੰ, ਸਿੱਖ ਇਤਿਹਾਸ ਤੋਂ ਪ੍ਰੇਰਣਾ ਲੈ ਕੇ ਜੀਵਨ ਬਤੀਤ ਕਰਨ ਦੀ ਅਪੀਲ ਕੀਤੀ । ਨਗਰ ਕੀਰਤਨ ਵਿਚ ਘੋੜਿਆਂ ਸਮੇਤ ਸ਼ਾਮਲ ਹੋਏ ਨਿਹੰਗ ਸਿੰਘ, ਸੰਗਤਾਂ ਲਈ ਖਿੱਚ ਦਾ ਕੇਂਦਰ ਰਹੇ । ਨਗਰ ਕੀਰਤਨ ਦਾ ਰਸਤੇ ਵਿਚ ਵੱਖ-ਵੱਖ ਥਾਵਾਂ ’ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਜ਼ਿਕਰਯੋਗ ਏ ਕਿ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਵਲੋਂ ਮੁਗਲਾਂ ਖ਼ਿਲਾਫ਼ ਅੰਮ੍ਰਿਤਸਰ ਵਿਖੇ ਗੁਰਦੁਆਰਾ ਕਿਲ੍ਹਾ ਸ੍ਰੀ ਲੋਹਗੜ੍ਹ ਸਾਹਿਬ ਵਾਲੇ ਅਸਥਾਨ ’ਤੇ ਲੜੀ ਗਈ, ਪਹਿਲੀ ਜੰਗ ਵਿਚ ਪ੍ਰਾਪਤ ਕੀਤੀ ਪਹਿਲੀ ਫਤਿਹ ਨੂੰ ਸਮਰਪਿਤ, ਸ਼੍ਰੋਮਣੀ ਕਮੇਟੀ ਤੇ ਸਿੱਖ ਸੰਸਥਾਵਾਂ ਵਲੋਂ ਹਰ ਸਾਲ ਫਤਿਹ ਦਿਵਸ ਮਨਾਇਆ ਜਾਂਦਾ ਏ ।

---------------------------------------------------------

ਜਲੰਧਰ ਵਿਖੇ, ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਦੇ ਸਨਮਾਨ ਵਿੱਚ, ਸੀ.ਟੀ ਗਰੁੱਪ ਆਫ ਇੰਸਟੀਚਿਊਟ ਨੇ ਆਪਣੇ ਸ਼ਾਹਪੁਰ ਕੈਂਪਸ ਵਿੱਚ ਇੱਕ ਮਾਈਕ੍ਰੋ-ਫੋਰੈਸਟ ਬਣਾ ਕੇ, 555 ਬੂਟੇ ਲਗਾਏ । ਇਹ

ਬੂਟਾ ਜਾਪਾਨੀ ਬਨਸਪਤੀ ਵਿਗਿਆਨੀ ਅਕੀਰਾ ਮੀਆ-ਵਾਕੀ ਦੀ ਤਕਨੀਕ ਦੀ ਵਰਤੋਂ ਕਰਕੇ ਚਲਾਇਆ ਗਿਆ ਸੀ, ਜੋ ਉਸੇ ਖੇਤਰ ਵਿੱਚ ਦਰਜਨਾਂ ਦੇਸੀ ਕਿਸਮਾਂ ਨੂੰ ਬੀਜ ਕੇ, ਤੇਜ਼ੀ ਨਾਲ ਵਿਕਾਸ ਅਤੇ ਸੰਘਣੇ ਜੰਗਲਾਂ ਨੂੰ ਉਤਸ਼ਾਹਿਤ ਕਰਦਾ ਏ। ਮੀਆਵਾਕੀ ਪਹੁੰਚ ਇਹ ਯਕੀਨੀ ਬਣਾਉਂਦੀ ਏ, ਕਿ ਬੂਟਿਆਂ ਦਾ ਵਿਕਾਸ 10 ਗੁਣਾ ਤੇਜ਼ ਅਤੇ ਆਮ ਨਾਲੋਂ 30 ਗੁਣਾ ਮੋਟਾ ਅਤੇ ਪਹਿਲੇ ਤਿੰਨ ਸਾਲਾਂ ਬਾਅਦ ਰੱਖ-ਰਖਾਅ-ਮੁਕਤ ਹੋ ਜਾਂਦਾ ਏ। ਇਸ ਉਪਰਾਲੇ ਵਿੱਚ ਗਰੀਨ ਪੰਜਾਬ ਮਿਸ਼ਨ ਟੀਮ ਨੇ ਵੀ ਆਪਣਾ ਯੋਗਦਾਨ ਦਿੱਤਾ ਏ। ਇਸ ਮੌਕੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਅੱਜ ਬਣਾਇਆ ਗਿਆ ਸੂਖਮ ਜੰਗਲ ਨਾ ਸਿਰਫ਼ ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਵਿਰਾਸਤ ਦਾ ਸਨਮਾਨ ਕਰਦਾ ਏ, ਸਗੋਂ ਟਿਕਾਊ ਵਾਤਾਵਰਨ ਅਭਿਆਸਾਂ ਲਈ ਵੀ ਇੱਕ ਮਿਸਾਲ ਕਾਇਮ ਕਰਦਾ ਏ।

---

ਕਪੂਰਥਲਾ ਸਥਿਤ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵਲੋਂ ਕੁਦਰਤੀ ਫ਼ੋਟੋਗ੍ਰਾਫ਼ੀ ਦਿਵਸ 'ਤੇ ਕੁਦਰਤ ਦੀ ਕਾਇਨਤ ਦੇ ਅਜੂਬਿਆਂ ਤੇ

ਆਧਾਰਤ ਇਕ ਫ਼ੋਟੋ ਪ੍ਰਦਰਸ਼ਨੀ ਲਗਾਈ ਗਈ। ਇਸ ਦਾ ਉਦੇਸ਼ ਕੁਦਰਤ ਦੇ ਅਜੂਬਿਆਂ ਪ੍ਰਤੀ ਆਮ ਲੋਕਾਂ ਨੂੰ ਜਾਗਰੂਕ ਕਰਨਾ ਸੀ। ਇਸ ਪ੍ਰਦਰਸ਼ਨੀ ਵਿਚ ਮੋਹਾਲੀ ਦੇ ਪ੍ਰਸਿੱਧ ਫ਼ੋਟੋਗ੍ਰਾਫ਼ਰ ਗੁਰ ਪ੍ਰਤਾਪ ਸਿੰਘ ਵਲੋਂ ਖਿੱਚੀਆਂ ਗਈਆਂ ਪੰਛੀਆਂ, ਜਾਨਵਰਾਂ ਅਤੇ ਕੁਦਰਤੀ ਦਾਤਾਂ ਦੀਆਂ ਫ਼ੋਟੋਆਂ ਦਾ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ 'ਤੇ ਬੋਲਦਿਆਂ ਸਾਇੰਸ ਸਿਟੀ ਦੀ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਕਿਹਾ ਕਿ ਕੁਦਰਤੀ ਫ਼ੋਟੋਗ੍ਰਾਫ਼ੀ ਦਿਵਸ ਹਰ ਸਾਲ 15 ਜੂਨ ਨੂੰ ਕੁਦਰਤੀ ਨਜ਼ਾਰਿਆਂ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾਂਦਾ ਏ। ਡਾ. ਗਰੋਵਰ ਨੇ ਕਿਹਾ ਕਿ ਫੋਟੋਗ੍ਰਾਫੀ ਇਕ ਅਜਿਹੀ ਕਲਾ ਏ , ਜਿਸ ਨਾਲ ਅਸੀਂ ਉਸ ਦੁਨੀਆਂ ਦੇ ਨੇੜਿਓ ਦਰਸ਼ਨ ਕਰ ਸਕਦੇ ਹਾਂ, ਜਿਸ ਵਿਚ ਅਸੀਂ ਰਹਿੰਦੇ ਹਾਂ। ਉਨ੍ਹਾਂ ਕਿਹਾ ਕਿ ਵਿਸ਼ਵ ਫ਼ੋਟੋਗ੍ਰਾਫ਼ੀ ਦਿਵਸ ਦੁਨੀਆਂ ਨੂੰ ਪਹਿਲਾ ਨਾਲੋਂ ਨੇੜਿਓ ਹੋ ਕੇ ਵੇਖਣ ਅਤੇ ਫ਼ਿਰ ਆਪਣੀਆਂ ਯਾਦਾਂ ਨੂੰ ਕੈਮਰੇ ਰਾਹੀਂ ਸਾਂਭ ਕੇ ਰੱਖਣ ਦਾ ਸੁਨੇਹਾ ਦਿੰਦਾ ਏ। ਉਨ੍ਹਾਂ ਕਿਹਾ ਕਿ ਅੱਜ ਦੀ ਇਹ ਪ੍ਰਦਰਸ਼ਨੀ ਕੁਦਰਤ ਨੂੰ ਸੰਭਾਲਣ ਤੇ ਨੇੜਤਾ ਵਧਾਉਣ ਦੇ ਉਪਰਾਲਿਆਂ ਵਿਚ ਅਹਿਮ ਭੂਮਿਕਾ ਨਿਭਾਏਗੀ।

-------------------------------------------------------

ਗੁਰਦਾਸਪੁਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ, ਸੁਮਿਤ ਭੱਲਾ ਦੀਆਂ ਹਦਾਇਤਾਂ ਅਨੁਸਾਰ ਕੇਂਦਰੀ ਜੇਲ੍ਹ ਗੁਰਦਾਸਪੁਰ ਵਿੱਚ ਸਿਵਲ ਸਰਜਨ ਦੇ ਸਹਿਯੋਗ ਨਾਲ ਮੈਡੀਕਲ ਕੈਂਪ ਲਾਇਆ ਗਿਆ। ਇਸ ਮੈਡੀਕਲ ਕੈਂਪ ਦੌਰਾਨ ਵੱਖ-ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਦੀ ਟੀਮਾਂ ਨੇ ਹਵਾਲਾਤੀਆਂ ਅਤੇ ਕੈਦੀਆਂ ਦੀ ਜਾਂਚ ਕੀਤੀ ਅਤੇ ਉਹਨਾਂ ਨੂੰ ਮੁਫਤ ਦਵਾਈ ਮੁਹੱਈਆ ਕਰਵਾਈ ਗਈ। ਸਕੱਤਰ ਸੁਮਿਤ ਭੱਲਾ ਨੇ ਦੱਸਿਆ ਕਿ ਇਸ ਮੈਡੀਕਲ ਕੈਂਪ ਵਿੱਚ ਸਰਕਾਰੀ ਹਸਪਤਾਲ ਦੇ ਮਾਹਰ ਡਾਕਟਰਾਂ ਵੱਲੋਂ ਕੇਂਦਰੀ ਜੇਲ ਵਿੱਚ ਲਗਭਗ 347 ਹਵਾਲਾਤੀਆਂ ਤੇ ਕੈਦੀਆਂ ਦੀ ਮੈਡੀਕਲ ਜਾਂਚ ਕੀਤੀ ਗਈ ਅਤੇ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰਹਿਣਗੇ।

-------------------------------------------------------

ਆਈ.ਸੀ.ਸੀ, ਟੀ-20 ਕ੍ਰਿਕਟ ਵਿਸ਼ਵ ਕੱਪ ਚ, ਗਰੁੱਪ ਸਟੇਜ ਦੇ ਆਪਣੇ ਆਖਰੀ ਮੈਚ ਵਿੱਚ, ਅੱਜ ਭਾਰਤ ਦਾ ਮੁਕਾਬਲਾ ਕੈਨੇਡਾ ਨਾਲ ਹੋਵੇਗਾ । ਇਹ ਮੈਚ ਫਲੋਰੀਡਾ ਵਿੱਚ ਭਾਰਤੀ ਸਮੇਂ ਅਨੁਸਾਰ

ਰਾਤ 8 ਵਜੇ ਖੇਡਿਆ ਜਾਵੇਗਾ। ਇਸ ਤੋਂ ਪਹਿਲਾਂ ਆਇਰਲੈਂਡ ਨਾਲ ਕੱਲ੍ਹ ਦਾ ਮੁਕਾਬਲਾ ਰੱਦ ਹੋਣ ਤੋਂ ਬਾਅਦ, ਅਮਰੀਕਾ ਨੇ ਸੁਪਰ ਅੱਠ ਵਿੱਚ ਜਗ੍ਹਾ ਪੱਕੀ ਕੀਤੀ ਸੀ। ਇਹ ਪਹਿਲੀ ਵਾਰ ਏ ਜਦੋਂ ਅਮਰੀਕਾ ਸੁਪਰ 8 ਵਿੱਚ ਪਹੁੰਚਿਆ ਏ।

---------------------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ 18 ਜੂਨ ਨੂੰ, PM -ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ, 9 ਕਰੋੜ 3 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ, ਕਰੀਬ 20 ਹਜ਼ਾਰ ਕਰੋੜ ਰੁਪਏ ਟਰਾਂਸਫਰ ਕਰਨਗੇ।
- ਕੌਮੀ ਅਪਰਾਧ ਰਿਕਾਰਡ ਬਿਊਰੋ ਨੇ, ਲੋਕਾਂ ਨੂੰ ਜਾਗਰੂਕ ਕਰਨ ਲਈ, ''ਅਪਰਾਧਿਕ ਕਾਨੂੰਨਾਂ ਦਾ NCRB ਸੰਕਲਨ" ਨਾਂ ਦੀ ਮੋਬਾਈਲ ਐਪ " ਜਾਰੀ ਕੀਤੀ।

- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ-ਗੋਬਿੰਦ ਸਾਹਿਬ ਵੱਲੋਂ ਪਹਿਲੀ ਜੰਗ ਫ਼ਤਹਿ ਕਰਨ ਦੀ ਯਾਦ 'ਚ, ਅੰਮ੍ਰਿਤਸਰ ਵਿਖੇ ਨਗਰ ਕੀਰਤਨ ਸਜਾਇਆ ਗਿਆ।
- ਆਈ.ਸੀ.ਸੀ ਟੀ-20 ਕ੍ਰਿਕਟ ਵਿਸ਼ਵ ਕੱਪ ਚ, ਅੱਜ ਫਲੋਰੀਡਾ ਵਿਖੇ, ਆਖਰੀ ਗਰੁੱਪ ਮੈਚ ਵਿੱਚ, ਭਾਰਤ ਦਾ ਮੁਕਾਬਲਾ ਕੈਨੇਡਾ ਨਾਲ।